# Ki Puchhde O Haal Fakiran Da lyrics in punjabi | Shiv Kumar Batalvi

Ki Puchhdio Haal Fakiran Da By: Shiv Kumar Batalvi (ਕੀ ਪੁੱਛਦਿਓ ਹਾਲ ਫ਼ਕੀਰਾਂ ਦਾ, ਸਾਡਾ ਨਦੀਓਂ ਵਿਛੜੇ ਨੀਰਾਂ ਦਾ)

---

ਸ਼ਿਵ ਕੁਮਾਰ ਬਟਾਲਵੀ (1936–1973) ਦਾ ਜਨਮ ਇਕ ਬਰਾਹਮਣ ਘਰਾਣੇ ਵਿਚ, ਬੜਾ ਪਿੰਡ ਲੋਹਟੀਆਂ, ਤਹਸੀਲ ਸ਼ਕਰਗੜ੍ਹ, ਜ਼ਿਲਾ ਸਿਆਲਕੋਟ (ਪੱਛਮੀ ਪੰਜਾਬ, ਪਾਕਿਸਤਨ) ਵਿਚ ਹੋਇਆ । ਉਨ੍ਹਾਂ ਦੇ ਪਿਤਾ ਪੰਡਿਤ ਕ੍ਰਿਸ਼ਨ ਗੋਪਾਲ ਪਿੰਡ ਦੇ ਤਹਿਸੀਲਦਾਰ ਅਤੇ ਮਾਤਾ ਸ਼ਾਂਤੀ ਦੇਵੀ ਜੀ ਘਰੇਲੂ ਔਰਤ ਸਨ । ਵੰਡ ਤੋਂ ਬਾਦ 1947 ਵਿਚ ਉਹ ਬਟਾਲੇ (ਜ਼ਿਲਾ ਗੁਰਦਾਸਪੁਰ) ਆ ਗਏ । ਇੱਥੇ ਹੀ ਸ਼ਿਵ ਨੇ ਆਪਣੀ ਮੁਢਲੀ ਸਿੱਖਿਆ ਪ੍ਰਾਪਤ ਕੀਤੀ। ਉਨ੍ਹਾਂ ਦੀਆਂ ਕਾਵਿ ਰਚਨਾਵਾਂ ਹਨ; ਪੀੜਾਂ ਦਾ ਪਰਾਗਾ, ਲਾਜਵੰਤੀ, ਆਟੇ ਦੀਆਂ ਚਿੜੀਆਂ, ਮੈਨੂੰ ਵਿਦਾ ਕਰੋ, ਦਰਦਮੰਦਾਂ ਦੀਆਂ ਆਹੀਂ, ਲੂਣਾਂ, ਮੈਂ ਤੇ ਮੈਂ, ਆਰਤੀ ਅਤੇ ਬਿਰਹਾ ਤੂੰ ਸੁਲਤਾਨ (ਚੋਣਵੀਂ ਕਵਿਤਾ)।

## Ki Puchhde O Haal Fakiran Da lyrics in punjabi

**ਕੀ ਪੁੱਛਦਿਓ ਹਾਲ ਫ਼ਕੀਰਾਂ ਦਾ**

**ਸਾਡਾ ਨਦੀਓਂ ਵਿਛੜੇ ਨੀਰਾਂ ਦਾ**

**ਸਾਡਾ ਹੰਝ ਦੀ ਜੁਨੇ ਆਇਆਂ ਦਾ**

**ਸਾਡਾ ਦਿਲ ਜਲਿਆਂ ਦਿਲਗੀਰਾਂ ਦਾ**

ਇਹ ਜਾਣਦਿਆਂ ਕੁਝ ਸ਼ੋਖ਼ ਜਹੇ

ਰੰਗਾਂ ਦਾ ਹੀ ਨਾਂ ਤਸਵੀਰਾਂ ਹੈ

ਜਦ ਹੱਟ ਗਏ ਅਸੀਂ ਇਸ਼ਕੇ ਦੀ

ਮੁੱਲ ਕਰ ਬੈਠੇ ਤਸਵੀਰਾਂ ਦਾ

**ਸਾਨੂੰ ਲੱਖਾਂ ਦਾ ਤਨ ਲੱਭ ਗਿਆ**

**ਪਰ ਇਕ ਦਾ ਮਨ ਵੀ ਨਾ ਮਿਲਿਆ**

**ਕੀ ਲਿਖਿਆ ਕਿਸੇ ਮੁਕੱਦਰ ਸੀ**

**ਹੱਥਾਂ ਦੀਆਂ ਚਾਰ ਲਕੀਰਾਂ ਦਾ**

ਤਕਦੀਰ ਤਾਂ ਆਪਣੀ ਸੌਂਕਣ ਸੀ

ਤਦਬੀਰਾਂ ਸਾਥੋਂ ਨਾ ਹੋਈਆਂ

ਨਾ ਝੰਗ ਛੁੱਟਿਆ ਨਾ ਕੰਨ ਪਾਟੇ

ਝੁੰਡ ਲੰਘ ਗਿਆ ਇੰਜ ਹੀਰਾਂ ਦਾ

**ਮੇਰੇ ਗੀਤ ਵੀ ਲੋਕ ਸੁਣੀਂਦੇ ਨੇ**

**ਨਾਲੇ ਕਾਫ਼ਰ ਆਖ ਸਦੀਂਦੇ ਨੇ**

**ਮੈਂ ਦਰਦ ਨੂੰ ਕਾਅਬਾ ਕਹਿ ਬੈਠਾ**

**ਰੱਬ ਨਾਂ ਰੱਖ ਬੈਠਾ ਪੀੜਾਂ ਦਾ**

ਮੈਂ ਦਾਨਸ਼ਵਰਾਂ ਸੁਣੀਂਦਿਆਂ ਸੰਗ

ਕਈ ਵਾਰ ਉੱਚੀ ਬੋਲ ਪਿਆ

ਕੁਝ ਮਾਣ ਸੀ ਸਾਨੂੰ ਇਸ਼ਕੇ ਦਾ

ਕੁਝ ਦਾਅਵਾ ਵੀ ਸੀ ਪੀੜਾਂ ਦਾ

**ਤੂੰ ਖ਼ੁਦ ਨੂੰ ਆਕਲ ਕਹਿੰਦਾ ਹੈਂ**

**ਮੈਂ ਖ਼ੁਦ ਨੂੰ ਆਸ਼ਕ ਦੱਸਦਾ ਹਾਂ**

**ਇਹ ਲੋਕਾਂ 'ਤੇ ਛੱਡ ਦੇਈਏ**

**ਕਿਨੂੰ ਮਾਣ ਨੇ ਦੇਂਦੇ ਪੀਰਾਂ ਦਾ ।**

ki puchde o haal fakiran da lyrics (**ਕੀ ਪੁੱਛਦਿਓ ਹਾਲ ਫ਼ਕੀਰਾਂ ਦਾ**) ਸ਼ਿਵ ਕੁਮਾਰ ਬਟਾਲਵੀ ਦਾ ਪ੍ਰਸਿੱਧ ਗੀਤ ਹੈ। ਉਹ ਰੁਮਾਂਟਿਕ ਕਵੀ ਸਨ। ਉਨ੍ਹਾਂ ਦੀ ਸੁਰੀਲੀ ਆਵਾਜ਼ ਨੇ ਉਨ੍ਹਾਂ ਨੂੰ ਅਤੇ ਉਨ੍ਹਾਂ ਦੀ ਕਵਿਤਾ ਨੂੰ ਬਹੁਤ ਹੀ ਹਰਮਨ ਪਿਆਰਾ ਬਣਾ ਦਿੱਤਾ। ਉਨ੍ਹਾਂ ਨੂੰ 1967 ਵਿਚ ਉਨ੍ਹਾਂ ਦੇ ਕਾਵਿ ਨਾਟ ਲੂਣਾਂ ਤੇ ਸਾਹਿਤ ਅਕਾਦਮੀ ਇਨਾਮ ਮਿਲਿਆ। ਸ਼ਿਵ ਕੁਮਾਰ ਬਟਾਲਵੀ (Shiv Kumar Batalvi) ਨੂੰ ਬਿਰਹਾ ਦਾ ਸੁਲਤਾਨ ਵੀ ਕਿਹਾ ਜਾਂਦਾ ਹੈ।